# ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ: 0172- 2623207, 2620106
ਫੈਕਸ: 0172-2624687 ਈ-ਮੇਲssapunjab@yahoo.com

ਵੱਲ,

ਸਮੂਹ ਜ਼ਿਲਾ ਸਿੱਖਿਆ ਅਫਸਰ (ਐ:ਸਿ),
ਪੰਜਾਬ।

ਮੀਮੋ ਨੰ:ਐਸ.ਐਸ.ਏ/2010/ਐਸ.ਓ/**25884**
ਮਿਤੀ :- **18/02/2010**

**ਵਿਸ਼ਾ:-** **ਈ.ਟੀ.ਟੀ. ਟੀਚਰਾਂ ਨੂੰ ਤਨਖਾਹ ਲੇਟ ਮਿਲਣ ਬਾਰੇ ਸ਼ਿਕਾਇਤਾਂ ਬਾਰੇ।**

----

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਵਿਸ਼ੇ ਦੇ ਸੰਬੰਧ ਵਿੱਚ ਆਪਨੂੰ ਲਿਖਿਆ ਜਾਂਦਾ ਹੈ ਕਿ ਸਰਵ ਸਿੱਖਿਆ ਅਭਿਆਨ ਅਧੀਨ ਕੰਮ ਕਰ ਰਹੇ ਈ.ਟੀ.ਟੀ. ਟੀਚਰਾਂ ਨੂੰ ਤਨਖਾਹ ਦੀ ਲੇਟ ਅਦਾਇਗੀ ਸੰਬੰਧੀ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਨ੍ਹਾਂ ਟੀਚਰਾਂ ਦੀਆਂ ਤਨਖਾਹਾਂ ਦੇ ਬਿਲ ਹਰ ਮਹੀਨੇ ਦੀ 30/31 ਤਾਰੀਖ ਨੂੰ ਕਲੀਅਰ ਹੋ ਜਾਣ ਅਤੇ ਇਨ੍ਹਾਂ ਨੂੰ ਸਮੇਂ ਸਿਰ ਤਨਖਾਹ ਦੀ ਅਦਾਇਗੀ ਹੋ ਜਾਵੇ। ਇਨ੍ਹਾਂ ਹਦਾਇਤਾਂ ਦੀ ਪਾਲਣਾ ਲਈ ਸਮੂਹ ਸੰਬੰਧਤ ਸਕੂਲ ਮੁਖੀਆਂ ਅਤੇ ਪੇਂਡੂ ਸਿੱਖਿਆ ਵਿਕਾਸ ਕਮੇਟੀਆਂ ਦੇ ਚੇਅਰਮੈਨਾਂ ਨੂੰ ਢੁੱਕਵੀਆਂ ਹਦਾਇਤਾਂ ਕੀਤੀਆਂ ਜਾਣ। ਇਨ੍ਹਾਂ ਹਦਾਇਤਾਂ ਦੀ ਇੰਨਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

**ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ, ਚੰਡੀਗੜ੍ਹ**

ਪਿਠ ਅੰਕਣ ਨੰ: ਐਸ.ਐਸ.ਏ/2010/ਐਸ.ਓ ਮਿਤੀ :- **18-02-10**

ਉਤਾਰਾ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

**ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ, ਚੰਡੀਗੜ੍ਹ**